ਗਉੜੀ ਪੂਰਬੀ ਮਹਲਾ ੪ ॥ ਗੁਰਮਤਿ ਬਾਜੈ ਸਬਦੁ ਅਨਾਹਦੁ ਗੁਰਮਤਿ ਮਨੂਆ ਗਾਵੈ ॥ ਵਡਭਾਗੀ ਗੁਰ ਦਰਸਨੁ ਪਾਇਆ ਧਨੁ ਧੰਨੁ ਗੁਰੂ ਲਿਵ ਲਾਵੈ ॥੧॥ ਗੁਰਮੁਖਿ ਹਰਿ ਲਿਵ ਲਾਵੈ ॥੧॥ ਰਹਾਉ ॥ ਹਮਰਾ ਠਾਕੁਰੁ ਸਤਿਗੁਰੁ ਪੂਰਾ ਮਨੁ ਗੁਰ ਕੀ ਕਾਰ ਕਮਾਵੈ ॥ ਹਮ ਮਲਿ ਮਲਿ ਧੋਵਹ ਪਾਵ ਗੁਰੂ ਕੇ ਜੋ ਹਰਿ ਹਰਿ ਕਥਾ ਸੁਨਾਵੈ ॥੨॥ ਹਿਰਦੈ ਗੁਰਮਤਿ ਰਾਮ ਰਸਾਇਣੁ ਜਿਹਵਾ ਹਰਿ ਗੁਣ ਗਾਵੈ ॥ ਮਨ ਰਸਕਿ ਰਸਕਿ ਹਰਿ ਰਸਿ ਆਘਾਨੇ ਫਿਰਿ ਬਹੁਰਿ ਨ ਭੁਖ ਲਗਾਵੈ ॥੩॥ ਕੋਈ ਕਰੈ ਉਪਾਵ ਅਨੇਕ ਬਹੁਤੇਰੇ ਬਿਨੁ ਕਿਰਪਾ ਨਾਮੁ ਨ ਪਾਵੈ ॥ ਜਨ ਨਾਨਕ ਕਉ ਹਰਿ ਕਿਰਪਾ ਧਾਰੀ ਮਤਿ ਗੁਰਮਤਿ ਨਾਮੁ ਦ੍ਰਿੜਾਵੈ ॥੪॥੧੨॥੨੬॥੬੪॥ {ਪੰਨਾ 172}

ਪਦਅਰਥ:- ਬਾਜੈ—ਵੱਜਦਾ ਹੈ, ਪੂਰਾ ਪ੍ਰਭਾਵ ਪਾ ਲੈਂਦਾ ਹੈ (ਜਿਵੇਂ ਢੋਲ ਵੱਜਿਆਂ ਕੋਈ ਹੋਰ ਨਿੱਕਾ-ਮੋਟਾ ਖੜਾਕ ਸੁਣਿਆ ਨਹੀਂ ਜਾ ਸਕਦਾ)। ਅਨਾਹਦੁ—(Anwhq—ਬਿਨਾ ਵਜਾਏ) ਇੱਕ-ਰਸ। ਧਨੁ ਧੰਨੁ—ਸ਼ਾਬਾਸ਼-ਜੋਗ। ਲਿਵ—ਲਗਨ।1।

ਗੁਰਮੁਖਿ—ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ।1। ਰਹਾਉ।

ਹਮਰਾ—ਸਾਡਾ, ਮੇਰਾ। ਮਲਿ ਮਲਿ—ਮਲ ਮਲ ਕੇ, ਬੜੇ ਪ੍ਰੇਮ ਨਾਲ। ਧੋਵਹ—ਅਸੀਂ ਧੋਂਦੇ ਹਾਂ, ਮੈਂ ਧੋਂਦਾ ਹਾਂ।2।

ਰਸਾਇਣੁ—(rs-AXn) ਰਸਾਂ ਦਾ ਘਰ, ਸਭ ਤੋਂ ਸ੍ਰੇਸ਼ਟ ਰਸ। ਜਿਹਵਾ—ਜੀਭ। ਰਸਕਿ ਰਸਕਿ—ਮੁੜ ਮੁੜ ਰਸ ਲੈ ਕੇ, ਬੜੇ ਆਨੰਦ ਨਾਲ। ਰਸਿ—ਰਸ ਵਿਚ। ਆਘਾਨੇ—ਰੱਜੇ ਹੋਏ। ਭੁਖ—ਤ੍ਰਿਸ਼ਨਾ, ਮਾਇਆ ਦੀ ਭੁੱਖ।3।

ਕਉ—ਨੂੰ। ਦ੍ਰਿੜਾਵੈ—ਪੱਕਾ ਕਰ ਦੇਂਦਾ ਹੈ।4।

ਅਰਥ:- ਗੁਰੂ ਦੇ ਸਨਮੁਖ ਰਹਿ ਕੇ ਹੀ ਮਨੁੱਖ (ਆਪਣੇ ਅੰਦਰ) ਹਰੀ ਦੇ ਮਿਲਾਪ ਦੀ ਲਗਨ ਪੈਦਾ ਕਰ ਸਕਦਾ ਹੈ।1। ਰਹਾਉ।

ਗੁਰੂ ਦੀ ਮਤਿ ਉਤੇ ਤੁਰਿਆਂ ਹੀ ਗੁਰੂ ਦਾ ਸ਼ਬਦ ਮਨੁੱਖ ਦੇ ਹਿਰਦੇ ਵਿਚ ਇਕ-ਰਸ ਪ੍ਰਭਾਵ ਪਾਈ ਰੱਖਦਾ ਹੈ (ਤੇ ਹੋਰ ਕੋਈ ਮਾਇਕ ਰਸ ਆਪਣਾ ਜ਼ੋਰ ਨਹੀਂ ਪਾ ਸਕਦਾ), ਗੁਰੂ ਦੇ ਉਪਦੇਸ਼ ਦੀ ਬਰਕਤਿ ਨਾਲ ਹੀ ਮਨੁੱਖ ਦਾ ਮਨ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਂਦਾ ਹੈ। ਕੋਈ ਵੱਡੇ ਭਾਗਾਂ ਵਾਲਾ ਮਨੁੱਖ ਗੁਰੂ ਦਾ ਦਰਸਨ ਪ੍ਰਾਪਤ ਕਰਦਾ ਹੈ। ਸਦਕੇ ਗੁਰੂ ਤੋਂ, ਸਦਕੇ ਗੁਰੂ ਤੋਂ। ਗੁਰੂ (ਮਨੁੱਖ ਦੇ ਅੰਦਰ ਪਰਮਾਤਮਾ ਦੇ ਮਿਲਾਪ ਦੀ) ਲਗਨ ਪੈਦਾ ਕਰਦਾ ਹੈ।1।

(ਹੇ ਭਾਈ!) ਪੂਰਾ ਗੁਰੂ ਹੀ ਮੇਰਾ ਠਾਕੁਰ ਹੈ, ਮੇਰਾ ਮਨ ਗੁਰੂ ਦੀ ਦੱਸੀ ਹੋਈ ਕਾਰ ਹੀ ਕਰਦਾ ਹੈ। ਮੈਂ ਆਪਣੇ ਗੁਰੂ ਦੇ ਪੈਰ ਮਲ ਮਲ ਕੇ ਧੋਂਦਾ ਹਾਂ, ਕਿਉਂਕਿ ਗੁਰੂ ਮੈਨੂੰ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀਆਂ ਗੱਲਾਂ ਸੁਣਾਂਦਾ ਹੈ।2।

(ਹੇ ਭਾਈ! ਜਿਨ੍ਹਾਂ ਮਨੁੱਖਾਂ ਦੇ) ਹਿਰਦੇ ਵਿਚ ਗੁਰੂ ਦੇ ਉਪਦੇਸ਼ ਦੀ ਬਰਕਤਿ ਨਾਲ ਸਭ ਰਸਾਂ ਦਾ ਘਰ ਪ੍ਰਭੂ-ਨਾਮ ਵੱਸ ਪੈਂਦਾ ਹੈ, (ਜਿਨ੍ਹਾਂ ਦੀ) ਜੀਭ ਪਰਮਾਤਮਾ ਦੇ ਗੁਣ ਗਾਂਦੀ ਹੈ, ਉਹਨਾਂ ਦੇ ਮਨ ਸਦਾ ਆਨੰਦ ਨਾਲ ਪਰਮਾਤਮਾ ਦੇ ਨਾਮ-ਰਸ ਵਿਚ ਰੱਜੇ ਰਹਿੰਦੇ ਹਨ, ਉਹਨਾਂ ਨੂੰ ਮੁੜ ਕਦੇ ਮਾਇਆ ਦੀ ਭੁੱਖ ਪੋਹ ਨਹੀਂ ਸਕਦੀ।3।

ਪਰ ਕੋਈ ਭੀ ਮਨੁੱਖ ਪਰਮਾਤਮਾ ਦਾ ਨਾਮ (ਪਰਮਾਤਮਾ ਦੀ) ਕਿਰਪਾ ਤੋਂ ਬਿਨਾ ਹਾਸਲ ਨਹੀਂ ਕਰ ਸਕਦਾ, ਬੇਸ਼ੱਕ ਕੋਈ ਬਥੇਰੇ ਅਨੇਕਾਂ ਉਪਾਵ ਕਰਦਾ ਰਹੇ। ਹੇ ਨਾਨਕ! ਜਿਸ ਦਾਸ ਉਤੇ ਪਰਮਾਤਮਾ ਮਿਹਰ ਕਰਦਾ ਹੈ, ਗੁਰੂ ਦੇ ਉਪਦੇਸ਼ ਦੀ ਬਰਕਤਿ ਨਾਲ ਉਸ ਦੀ ਮਤਿ ਵਿਚ ਪਰਮਾਤਮਾ ਆਪਣਾ ਨਾਮ ਪੱਕਾ ਕਰ ਦੇਂਦਾ ਹੈ।4।12। 26। 64।

ਨੋਟ:

ਗਉੜੀ ਪੂਰਬੀ ਮ: 4 —— 12 ਸ਼ਬਦ
ਗਉੜੀ ਗੁਆਰੇਰੀ ਮ: 4 — 6 ਸ਼ਬਦ
ਗਉੜੀ ਬੈਰਾਗਣਿ ਮ: 4 — 8 ਸ਼ਬਦ
ਗਉੜੀ ਮ: 3 ———— 18 ਸ਼ਬਦ
ਗਉੜੀ ਮ: 1 ———— 20 ਸ਼ਬਦ
. . . . . . . . . . . . .———
. . . . . ਕੁੱਲ ਜੋੜ . . . 64